ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 12-11-2024 (27 ਕੱਤਕ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 01 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਬੀਬੀ ਜਸਵਿੰਦਰ ਕੌਰ ਜੀ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਪਤੀ ਸਰਦਾਰ ਗੁਰਲਾਭ ਸਿੰਘ ਪਿੰਡ ਝੰਡੇਆਣਾ ਗਰਬੀ (ਮੋਗਾ) ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22236

ਮਿਤੀ 18-11.-2024

ਉਤਾਰਾ:
1. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਗੁ: ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾ ਪਾਸ

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 12-11-2024 (27 ਕੱਤਕ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 47 ਦੀ ਨਕਲ :-**

ਸ੍ਰ. ਰਣਜੀਤ ਸਿੰਘ (ਸਪੁੱਤਰ ਸ. ਪਹਾੜਾ ਸਿੰਘ) ਪਿੰਡ ਸਰਹਾਲੀ, ਤਹਿਸੀਲ ਜੀਰਾ, ਜਿਲ੍ਹਾ ਫਿਰੋਜ਼ਪੁਰ ਵੱਲੋਂ ਸ੍ਰ. ਅੰਮ੍ਰਿਤਪਾਲ ਸਿੰਘ ਦੇ ਕੇਸ ਵਿੱਚ ਨਜਾਇਜ ਤੌਰ ਤੇ ਫੜਿਆ ਗਿਆ ਹੋਣ ਕਾਰਨ, ਅੰਮ੍ਰਿਤਸਰ ਦੀ ਕੇਂਦਰੀ ਜੇਲ੍ਹ ਨਜ਼ਰਬੰਦ ਹੋਣ ਅਤੇ ਘਰ ਦੀ ਮਾਲੀ ਹਾਲਤ ਮਾੜੀ ਹੋਣ ਕਾਰਨ ਸਹਾਇਤਾ ਦੀ ਮੰਗ ਕੀਤੀ ਹੈ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ੍ਰ. ਰਣਜੀਤ ਸਿੰਘ ਨੂੰ 50,000/-ਅੱਖਰੀਂ ਪੰਜਾਹ ਹਜ਼ਾਰ ਰੁਪਏ ਧਰਮ ਅਰਥ ਫੰਡ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵਿੱਚੋਂ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

***************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੨੨੨੫3.  ਮਿਤੀ 18-11-2024

ਉਤਾਰਾ:
1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਆਰ.ਕੇ. ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 12-11-2024 (27 ਕੱਤਕ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 50 ਦੀ ਨਕਲ :-**

ਐਡੀ:ਸਕੱਤਰ, ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ, ਟਰੱਸਟ, ਸ੍ਰੀ ਅੰਮ੍ਰਿਤਸਰ ਵੱਲੋਂ ਪੱਤ੍ਰਿਕਾ ਨੰਬਰ 1693 ਮਿਤੀ 17-10-2024 ਰਾਹੀਂ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ, ਵੱਲਾ, ਸ੍ਰੀ ਅੰਮ੍ਰਿਤਸਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਸ਼ੁਰੂ ਕੀਤੇ ਲੋੜ੍ਹ ਵੰਦ ਗੁੰਗੇ ਅਤੇ ਬੋਲੇ ਬੱਚਿਆਂ ਦੇ ਇਲਾਜ ਲਈ ਕੋਕਲੀਅਰ ਇੰਪਲਾਂਟ ਖ੍ਰੀਦ ਕਰਨ ਲਈ ਹਰ ਸਾਲ ਦੀ ਤਰ੍ਹਾਂ 20,00,000/-ਅੱਖਰੀਂ ਵੀਹ ਲੱਖ ਰੁਪਏ ਸਹਾਇਤਾ ਲੈਣ ਦੀ ਪੁੱਜੀ ਮੰਗ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਉਪਰੋਕਤ ਕਾਰਜ ਲਈ 20,00,000/-ਅੱਖਰੀਂ ਵੀਹ ਲੱਖ ਰੁਪਏ ਕੇਵਲ ਸਹਾਇਤਾ ਧਰਮ ਪ੍ਰਚਾਰ ਕਮੇਟੀ ਦੇ ਫੰਡਾਂ ਵਿਚੋਂ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22256.

ਮਿਤੀ 18-11-2024

ਉਤਾਰਾ:
1. ਸਕੱਤਰ ਜੀ, ਧਰਮ ਪ੍ਰਚਾਰ ਕਮੇਟੀ।
2. ਇੰਚਾਰਜ ਜੀ, (ਸਹਾਇਤਾ) ਧਰਮ ਪ੍ਰਚਾਰ ਕਮੇਟੀ।
3. ਲੇਖਾਕਾਰ ਜੀ, ਧਰਮ ਪ੍ਰਚਾਰ ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 12-11-2024 (27 ਕੱਤਕ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 52 ਦੀ ਨਕਲ :-**

ਪ੍ਰਧਾਨ, ਗੁਰਦੁਆਰਾ ਸ਼ਹੀਦ ਗੰਜ ਸਾਹਿਬ, ਬੀ-ਬਲਾਕ, ਤਿਲਕ ਵਿਹਾਰ, ਨਵੀਂ ਦਿੱਲੀ-110018 ਵੱਲੋਂ 1984 ਦੀ ਸ਼ਹੀਦਾਂ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ 40ਵਾਂ ਸ਼ਹੀਦੀ ਸਮਾਗਮ ਕਰਵਾਉਣ ਲਈ ਸਹਾਇਤਾ ਲੈਣ ਦੀ ਪੁੱਜੀ ਮੰਗ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਪ੍ਰਧਾਨ ਗੁ:ਸ਼ਹੀਦ ਗੰਜ ਸਾਹਿਬ, ਬੀ-ਬਲਾਕ, ਤਿਲਕ ਨਗਰ, ਨਵੀਂ ਦਿੱਲੀ ਨੂੰ 10,00,000/-ਅੱਖਰੀਂ ਦਸ ਲੱਖ ਰੁਪਏ ਕੇਵਲ ਸਹਾਇਤਾ ਧਰਮ ਪ੍ਰਚਾਰ ਕਮੇਟੀ ਦੇ ਫੰਡਾਂ ਵਿਚੋਂ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 99958.

ਮਿਤੀ/18-11-2024

ਉਤਾਰਾ:
1. ਸਕੱਤਰ ਜੀ, ਧਰਮ ਪ੍ਰਚਾਰ ਕਮੇਟੀ।
2. ਇੰਚਾਰਜ ਜੀ, (ਸਹਾਇਤਾ) ਧਰਮ ਪ੍ਰਚਾਰ ਕਮੇਟੀ।
3. ਲੇਖਾਕਾਰ ਜੀ, ਧਰਮ ਪ੍ਰਚਾਰ ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫ਼ਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 12-11-2024 (27 ਕੱਤਕ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 53 ਦੀ ਨਕਲ :-**

ਕੈਨੇਡਾ ਅੰਦਰ ਸਿੱਖਾਂ ਖ਼ਿਲਾਫ਼ ਸਿਰਜੇ ਜਾ ਰਹੇ ਬਿਰਤਾਂਤ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਦੀ ਇਕੱਤਰਤਾ ਕੈਨੇਡਾ ਅੰਦਰ ਸਿੱਖਾਂ ਖ਼ਿਲਾਫ਼ ਸਿਰਜੇ ਜਾ ਰਹੇ ਬਿਰਤਾਂਤ ਦੀ ਨਿਖੇਧੀ ਕਰਦੀ ਹੈ। ਅੰਤ੍ਰਿੰਗ ਕਮੇਟੀ ਮਹਿਸੂਸ ਕਰਦੀ ਹੈ ਕਿ ਬੀਤੇ ਦਿਨੀਂ ਆਪਸੀ ਵਿਚਾਰਾਂ ਦੇ ਵਖਰੇਵੇਂ ਅਤੇ ਟਕਰਾਅ ਨੂੰ ਹਿੰਦੂ ਧਰਮ ਦੇ ਮੰਦਰ 'ਤੇ ਸਿੱਖਾਂ ਵੱਲੋਂ ਹਮਲਾ ਪ੍ਰਚਾਰ ਕੇ ਸਿੱਖਾਂ ਦੇ ਅਕਸ ਨੂੰ ਢਾਅ ਲਗਾਉਣ ਦੀ ਨੀਵੇਂ ਪੱਧਰ ਦੀ ਕੋਸ਼ਿਸ਼ ਕੀਤੀ ਗਈ ਹੈ। ਸਿੱਖ ਕੌਮ ਸਭ ਧਰਮਾਂ ਦਾ ਸਤਿਕਾਰ ਕਰਦੀ ਹੈ ਅਤੇ ਕਦੇ ਵੀ ਕਿਸੇ ਦੇ ਧਾਰਮਿਕ ਅਸਥਾਨ 'ਤੇ ਹਮਲੇ ਬਾਰੇ ਸਿੱਖ ਸੋਚ ਵੀ ਨਹੀਂ ਸਕਦੇ। ਸਿੱਖਾਂ ਦਾ ਇਤਿਹਾਸ ਸਰਬੱਤ ਦੇ ਭਲੇ ਦੀ ਰੌਸ਼ਨੀ ਵਿਚ ਦੂਸਰੇ ਧਰਮਾਂ ਦੀ ਰਖਵਾਲੀ ਕਰਨ ਵਾਲਾ ਰਿਹਾ ਹੈ। ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਇਸ ਦੀ ਉਘੜਵੀਂ ਮਿਸਾਲ ਹੈ।**

**ਹਾਲ ਹੀ ਅੰਦਰ ਕੈਨੇਡਾ 'ਚ ਵਾਪਰੀ ਘਟਨਾ ਨੂੰ ਲੈ ਕੇ ਜਿਸ ਤਰ੍ਹਾਂ ਸਿੱਖਾਂ ਖਿਲਾਫ਼ ਨਫ਼ਰਤੀ ਪ੍ਰਚਾਰ ਕੀਤਾ ਗਿਆ ਹੈ, ਇਹ ਸਿੱਧੇ ਤੌਰ 'ਤੇ ਇਕ ਸੋਚੀ ਸਮਝੀ ਨੀਤੀ ਹੈ। ਬੀਤੇ ਸਮੇਂ ਜਿਸ ਤਰ੍ਹਾਂ ਸਿੱਖਾਂ ਨੂੰ ਨਿਸ਼ਾਨੇ 'ਤੇ ਲਿਆ ਗਿਆ ਅਤੇ ਵਿਦੇਸ਼ਾਂ ਅੰਦਰ ਭਾਈ ਹਰਦੀਪ ਸਿੰਘ ਨਿੱਝਰ, ਭਾਈ ਅਵਤਾਰ ਸਿੰਘ ਖੰਡਾ, ਸ. ਰਿਪੁਦਮਨ ਸਿੰਘ ਮਲਿਕ ਤੇ ਸ. ਪਰਮਜੀਤ ਸਿੰਘ ਪੰਜਵੜ ਦੇ ਕਤਲ ਦੇ ਦੋਸ਼ ਸਰਕਾਰਾਂ ਅਤੇ ਏਜੰਸੀਆਂ 'ਤੇ ਲੱਗੇ ਇਹ ਕਈ ਸਵਾਲ ਪੈਦਾ ਕਰਦੇ ਹਨ।**

**ਸ਼੍ਰੋਮਣੀ ਗੁ:ਪ੍ਰ:ਕਮੇਟੀ ਸਪੱਸ਼ਟ ਕਰਨਾ ਚਾਹੁੰਦੀ ਹੈ ਕਿ ਦੇਸ਼-ਵਿਦੇਸ਼ ਅੰਦਰ ਵੱਸਦੇ ਹਰ ਸਿੱਖ ਦੀ ਜਾਨ ਕੌਮ ਲਈ ਕੀਮਤੀ ਹੈ। ਜੇਕਰ ਕਿਸੇ ਦਾ ਕੋਈ ਜੁਰਮ ਹੈ ਤਾਂ ਉਸ ਵਿਰੁੱਧ ਕਾਨੂੰਨੀ ਢੰਗ ਨਾਲ ਨਜਿੱਠਿਆ ਜਾਣਾ ਚਾਹੀਦਾ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**
**************************************************
ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22373

ਮਿਤੀ 18-11-2024

ਉਤਾਰਾ: 1 ਸ੍ਰੀ ਕਿੰਜਰਾਪੂ ਰਾਮਮੋਹਨ ਨਾਇਡੂ ਜੀ, ਹਵਾਬਾਜੀ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਕੁਲਵੰਤ ਸਿੰਘ
(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 12-11-2024 (27 ਕੱਤਕ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 54 ਦੀ ਨਕਲ :-**

ਭਾਰਤ ਅੰਦਰ ਹਵਾਈ ਅੱਡਿਆਂ 'ਤੇ ਸਿੱਖ ਕਰਮਚਾਰੀਆਂ ਨੂੰ ਕਿਰਪਾਨ ਪਹਿਨ ਕੇ ਡਿਊਟੀ ਕਰਨ ਤੋਂ ਰੋਕਣ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ** ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਭਾਰਤ ਅੰਦਰ ਹਵਾਈ ਅੱਡਿਆਂ 'ਤੇ ਸਿੱਖ ਕਰਮਚਾਰੀਆਂ ਨੂੰ ਕਿਰਪਾਨ ਪਹਿਨ ਕੇ ਡਿਊਟੀ ਕਰਨ ਤੋਂ ਰੋਕਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦੀ ਹੈ। ਆਪਣੇ ਹੀ ਦੇਸ਼ ਅੰਦਰ ਇਹ ਵਿਤਕਰਾ ਸਿੱਖਾਂ ਦੀ ਧਾਰਮਿਕ ਅਜ਼ਾਦੀ 'ਤੇ ਵੱਡਾ ਹਮਲਾ ਹੈ। ਇਹ ਭਾਰਤੀ ਸੰਵਿਧਾਨ ਦੀ ਵੀ ਉਲੰਘਣਾ ਹੈ, ਕਿਉਂਕਿ ਇਸ ਵਿਚ ਸਿੱਖਾਂ ਨੂੰ ਕਕਾਰਾਂ ਸਮੇਤ ਦੇਸ਼ ਅੰਦਰ ਹਵਾਈ ਸਫ਼ਰ ਕਰਨ ਅਤੇ ਆਪਣੀ ਧਾਰਮਿਕ ਮਾਨਤਾਵਾਂ ਨਿਭਾਉਣ ਦਾ ਪੂਰਾ ਅਧਿਕਾਰ ਪ੍ਰਾਪਤ ਹੈ।

ਦੁੱਖ ਦੀ ਗੱਲ ਹੈ ਕਿ ਸਿੱਖਾਂ ਨੂੰ ਪਹਿਲਾਂ ਵੀ ਦੇਸ਼ ਅੰਦਰ ਕਕਾਰ ਪਹਿਨ ਕੇ ਪ੍ਰੀਖਿਆਵਾਂ ਦੇਣ ਅਤੇ ਡਿਊਟੀ ਕਰਨ ਸਮੇਂ ਕਈ ਵਾਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਹੈ। ਇਸ ਨੂੰ ਲੈ ਕੇ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਸੁਪਰੀਮ ਕੋਰਟ ਵਿਚ ਅਪੀਲ ਦਾਇਰ ਕਰਕੇ ਸਰਕਾਰਾਂ ਨੂੰ ਦਿਸ਼ਾ-ਨਿਰਦੇਸ਼ ਦੇਣ ਦੀ ਵੀ ਮੰਗ ਕੀਤੀ ਹੋਈ ਹੈ।

ਅੰਤ੍ਰਿੰਗ ਕਮੇਟੀ ਇਸ ਬੇਹੱਦ ਗੰਭੀਰ ਮਾਮਲੇ 'ਤੇ ਹਰ ਪੱਧਰ 'ਤੇ ਅਵਾਜ਼ ਉਠਾਉਣ ਅਤੇ ਸਿੱਖਾਂ ਦੀ ਧਾਰਮਿਕ ਅਜ਼ਾਦੀ ਲਈ ਖੜ੍ਹਨ ਦੀ ਵਚਨਬੱਧਤਾ ਪ੍ਰਗਟਾਉਂਦੀ ਹੈ। ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਇਸ ਸਬੰਧ ਵਿਚ ਸਰਕਾਰ ਨਾਲ ਗੱਲਬਾਤ ਕਰਨ ਲਈ ਵਫ਼ਦ ਭੇਜਿਆ ਜਾਵੇਗਾ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 32373 ਮਿਤੀ 28-11-2024

ਉਤਾਰਾ: 1. ਸ੍ਰੀ ਕਿੰਜਰਾਪੂ ਰਾਮਮੋਹਨ ਨਾਇਡੂ ਜੀ, ਹਵਾਬਾਜੀ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**(ਕੁਲਵੰਤ ਸਿੰਘ ਮੰਨਣ)**
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 12-11-2024 (27 ਕੱਤਕ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 81ਦੀ ਨਕਲ :-**

ਸੰਨ 1978 ਤੋਂ 1988 ਤੀਕ ਸਿੱਖ ਸੰਘਰਸ਼ ਦੀਆਂ ਤਸਵੀਰਾਂ ਦੀ ਐਲਬਮ ਤਿਆਰ ਕਰਨ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸੰਨ 1978 ਤੋਂ ਸੰਨ 1988 ਤੀਕ ਸਿੱਖ ਸੰਘਰਸ਼ ਦੀਆਂ ਤਸਵੀਰਾਂ ਦੀਆਂ ਐਲਬਮਾਂ ਤਿਆਰ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ। ਇਹ ਕਾਰਜ ਸ੍ਰ.ਅਮਰੀਕ ਸਿੰਘ ਜੀ ਵਿਛੋਆ, ਅੰਤ੍ਰਿੰਗ ਮੈਂਬਰ, ਸ੍ਰ. ਕੁਲਵੰਤ ਸਿੰਘ ਜੀ ਮੰਨਣ ਤੇ ਸ੍ਰ. ਰਾਜਿੰਦਰ ਸਿੰਘ ਜੀ ਮਹਿਤਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਪੁਰ ਅਧਾਰਤ ਸਬ-ਕਮੇਟੀ ਦੀ ਨਿਗਰਾਨੀ ਹੇਠ ਕੀਤਾ ਜਾਵੇਗਾ। ਸ੍ਰ. ਸ਼ਾਹਬਾਜ ਸਿੰਘ ਮੀਤ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਸਬ-ਕਮੇਟੀ ਦੇ ਕੋਆਰਡੀਨੇਟਰ ਹੋਣਗੇ। ਇਸ ਕਾਰਜ ਪੁਰ ਹੋਣ ਵਾਲੇ ਖਰਚ ਸਿੱਖ ਇਤਿਹਾਸ ਰੀਸਰਚ ਬੋਰਡ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਫੰਡ ਖਾਤੇ ਵਿੱਚੋਂ ਕੀਤੇ ਜਾਣ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

****************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22370

ਮਿਤੀ 18-11-2024

ਉਤਾਰਾ:
1. ਸ੍ਰ. ਸ਼ਾਹਬਾਜ ਸਿੰਘ ਜੀ, ਮੀਤ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ, ਸਿੱਖ ਇਤਿਹਾਸ ਰੀਸਰਚ ਬੋਰਡ, ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**(ਕੁਲਵੰਤ ਸਿੰਘ ਮੰਨਣ)**
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।